**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ : 11-07-2025**

ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਵੀਡੀਓ ਕਾਨਫਰੰਸਿੰਗ ਰਾਹੀਂ, ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਨਵ-ਨਿਯੁਕਤ ਨੌਜਵਾਨਾਂ ਨੂੰ 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ।
- ਸਹਿਕਾਰਤਾ ਰਾਜ ਮੰਤਰੀ, ਕ੍ਰਿਸ਼ਨ ਪਾਲ ਗੁਰਜਰ ਕਪੂਰਥਲਾ ਅਤੇ ਰੇਲਵੇ ਰਾਜ ਮੰਤਰੀ, ਰਵਨੀਤ ਸਿੰਘ ਪਟਿਆਲਾ ਵਿੱਚ ਨਿਯੁਕਤੀ ਪੱਤਰ ਕਰਨਗੇ ਤਕਸੀਮ ।
- ਪੰਜਾਬ ਵਿਧਾਨ ਸਭਾ ਨੇ ਭਾਖੜਾ ਅਤੇ ਭਾਖੜਾ ਬਿਆਸ ਪ੍ਰਬੰਧਨ ਬੋਰਡ ਦੇ ਹੋਰਨਾਂ ਡੈਮਾਂ 'ਤੇ CISF ਮੁਲਾਜ਼ਮਾਂ ਦੀ ਤਾਇਨਾਤੀ, ਨਾ ਕਰਨ ਬਾਰੇ, ਕੇਂਦਰ ਸਰਕਾਰ ਨੂੰ ਸਰਬਸੰਮਤੀ ਨਾਲ ਕੀਤੀ ਸਿਫ਼ਾਰਸ਼।

- ਸਦਨ ਵੱਲੋਂ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ ਬਾਰੇ ਪੰਜਾਬ ਸੋਧ ਬਿਲ, 2025" ਸਮੇਤ ਪੰਜ ਮਹੱਤਵਪੂਰਨ ਬਿੱਲ, ਸਰਬ-ਸੰਮਤੀ ਨਾਲ ਪਾਸ।
- ਵਧਦੀ ਆਬਾਦੀ ਦੀਆਂ ਚੁਣੌਤੀਆਂ ਅਤੇ ਮੌਕਿਆਂ 'ਤੇ ਧਿਆਨ ਕੇਂਦਰਿਤ ਕਰਨ ਲਈ ਅੱਜ ਵਿਸ਼ਵ ਜਨਸੰਖਿਆ ਦਿਵਸ ਮਨਾਇਆ ਜਾ ਰਿਹਾ ਏ।
- ਮੌਸਮ ਵਿਭਾਗ ਵਲੋਂ ਅੱਜ ਪੰਜਾਬ , ਹਰਿਆਣਾ ,ਚੰਡੀਗੜ੍ਹ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਕੁਝ ਹਿੱਸਿਆਂ ਵਿੱਚ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ।

ਹੁਣ ਖਬਰਾਂ ਵਿਸਥਾਰ ਨਾਲ.....

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ 16ਵੇਂ ਰੋਜ਼ਗਾਰ ਮੇਲੇ ਦੌਰਾਨ ਦੇਸ਼ ਭਰ'ਚ 47 ਥਾਵਾਂ 'ਤੇ ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਨਵੇਂ ਨਿਯੁਕਤ ਹੋਏ ਨੌਜਵਾਨਾਂ ਨੂੰ ਵੀਡੀਓ ਕਾਨਫਰੰਸਿੰਗ ਰਾਹੀਂ 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ। ਸ਼੍ਰੀ ਮੋਦੀ ਇਸ ਮੌਕੇ 'ਤੇ ਨਵੇਂ ਨਿਯੁਕਤ ਹੋਏ ਲੋਕਾਂ ਨੂੰ ਸੰਬੋਧਨ ਵੀ ਕਰਨਗੇ. ਦੇਸ਼ ਭਰ ਤੋਂ ਚੁਣੇ ਗਏ, ਨਵੇਂ ਭਰਤੀ ਹੋਏ ਨੌਜਵਾਨ ਰੇਲਵੇ ਮੰਤਰਾਲੇ, ਗ੍ਰਹਿ ਮਾਮਲੇ, ਸਿਹਤ ਅਤੇ ਪਰਿਵਾਰ ਭਲਾਈ, ਕਿਰਤ ਅਤੇ ਰੁਜ਼ਗਾਰ

ਵਿਭਾਗ, ਡਾਕ ਵਿਭਾਗ, ਵਿੱਤੀ ਸੇਵਾਵਾਂ ਵਿਭਾਗ ਸਮੇਤ ਹੋਰ ਵਿਭਾਗਾਂ ਅਤੇ ਮੰਤਰਾਲਿਆਂ ਵਿੱਚ JOIN ਕਰਨਗੇ ।ਪੰਜਾਬ ਵਿੱਚ ਰੁਜ਼ਗਾਰ ਮੇਲਾ ਦੋ ਥਾਵਾਂ 'ਤੇ ਕਰਾਇਆ ਜਾਵੇਗਾ, ਜਿਸ ਵਿੱਚ ਰੇਲ ਕੋਚ ਫੈਕਟਰੀ, ਕਪੂਰਥਲਾ ਅਤੇ ਪਟਿਆਲਾ ਲੋਕੋਮੋਟਿਵ ਵਰਕਸ ਸ਼ਾਮਿਲ ਨੇ । ਸਹਿਕਾਰਤਾ ਰਾਜ ਮੰਤਰੀ, ਕ੍ਰਿਸ਼ਨ ਪਾਲ ਗੁਰਜਰ, ਰੇਲ ਕੋਚ ਫੈਕਟਰੀ, ਕਪੂਰਥਲਾ ਵਿਖੇ ਪ੍ਰੋਗਰਾਮ ਵਿੱਚ ਸ਼ਾਮਲ ਹੋਣਗੇ, ਜਿੱਥੇ ਨਵੇਂ ਨਿਯੁਕਤ ਹੋਏ 68 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ ਜਾਣਗੇ। ਓਧਰ ਪਟਿਆਲਾ ਵਿੱਚ, ਰੇਲਵੇ ਰਾਜ ਮੰਤਰੀ, ਰਵਨੀਤ ਸਿੰਘ ਇਸ ਮੌਕੇ 216 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡਣਗੇ। ਇਹ ਪਹਿਲਕਦਮੀ ਪ੍ਰਧਾਨ ਮੰਤਰੀ ਦੀ ਮਿਸ਼ਨ ਮੋਡ ਵਿੱਚ ਸਮੇਂ ਸਿਰ ਭਰਤੀ ਅਤੇ ਖਾਲੀ ਅਸਾਮੀਆਂ ਨੂੰ ਭਰਨ ਨੂੰ ਯਕੀਨੀ ਬਣਾਉਣ ਪ੍ਰਤੀ ਨਿਰੰਤਰ ਵਚਨਬੱਧਤਾ ਨੂੰ ਦਰਸਾਉਂਦੀ ਏ ।

-----------------------------------------------------

ਪੰਜਾਬ ਵਿਧਾਨ ਸਭਾ ਨੇ ਸਰਬਸੰਮਤੀ ਨਾਲ ਸਿਫ਼ਾਰਸ਼ ਕੀਤੀ ਏ ਕਿ ਕੇਂਦਰ ਨੂੰ, ਭਾਖੜਾ ਡੈਮ ਅਤੇ ਪੰਜਾਬ ਦੇ ਹੋਰ ਭਾਖੜਾ ਬਿਆਸ ਪ੍ਰਬੰਧਨ ਬੋਰਡ ਹਾਈਡ੍ਰੋ ਪ੍ਰੋਜੈਕਟਾਂ 'ਤੇ CISF ਮੁਲਾਜ਼ਮਾਂ ਦੀ ਤਾਇਨਾਤ ਨਾ ਕਰਨ ਦੀ ਬੇਨਤੀ ਕੀਤੀ ਜਾ ਸਕਦੀ ਏ । ਭਾਖੜਾ ਡੈਮ ਅਤੇ ਸੂਬੇ ਦੇ ਹੋਰ ਡੈਮਾਂ 'ਤੇ CISF ਦੀ ਬਜਾਏ, ਪੰਜਾਬ ਪੁਲਿਸ ਦੀ ਤਾਇਨਾਤੀ 'ਤੇ ਚਰਚਾ ਤੋਂ

ਬਾਅਦ ਸਰਬਸੰਮਤੀ ਨਾਲ ਇਹ ਫੈਸਲਾ ਲਿਆ ਗਿਆ। ਸੂਬੇ ਦੇ ਜਲ ਸਰੋਤ ਮੰਤਰੀ, ਬਰਿੰਦਰ ਕੁਮਾਰ ਗੋਇਲ ਨੇ ਵਿਧਾਨ ਸਭਾ ਵਿੱਚ ਇਹ ਮੁੱਦਾ ਉਠਾਇਆ। ਬਾਅਦ ਵਿੱਚ, ਸਪੀਕਰ, ਕੁਲਤਾਰ ਸਿੰਘ ਸੰਧਵਾਂ ਨੇ ਇਸ ਮੁੱਦੇ 'ਤੇ ਜ਼ੁਬਾਨੀ ਵੋਟਿੰਗ ਤੋਂ ਬਾਅਦ ਵਿਧਾਨ ਸਭਾ ਵਿੱਚ ਫੈਸਲੇ ਦਾ ਐਲਾਨ ਕੀਤਾ। ਇਸ ਦੌਰਾਨ, ਪੰਜਾਬ ਵਿਧਾਨ ਸਭਾ ਦੇ ਦੋ ਦਿਨਾਂ ਇਸ ਵਿਸ਼ੇਸ਼ ਇਜਲਾਸ ਜੋ ਕਿ ਕੱਲ੍ਹ ਸ਼ੁਰੂ ਹੋਇਆ ਸੀ, ਨੂੰ ਦੋ ਹੋਰ ਦਿਨ ਵਧਾ ਦਿੱਤਾ ਗਿਆ ਏ। ਵਿਧਾਨ ਸਭਾ ਵਿੱਚ ਇਸਦਾ ਐਲਾਨ ਕਰਦੇ ਹੋਏ, ਸਪੀਕਰ ਨੇ ਕਿਹਾ ਕਿ ਇਜਲਾਸ ਸੋਮਵਾਰ ਨੂੰ ਦੁਪਹਿਰ 2 ਵਜੇ ਅਤੇ ਮੰਗਲਵਾਰ ਨੂੰ ਸਵੇਰੇ 10 ਵਜੇ ਤੋਂ ਸ਼ੁਰੂ ਹੋਵੇਗਾ। ਸ਼ਨੀਚਰਵਾਰ ਅਤੇ ਐਤਵਾਰ ਛੁੱਟੀ ਰਹੇਗੀ । ਪੰਜਾਬ ਵਿਧਾਨ ਸਭਾ ਦੇ ਇਸ 9ਵੇਂ ਇਜਲਾਸ ਦੌਰਾਨ ਅੱਜ ਸਦਨ ਨੇ 5 ਮਹੱਤਵਪੂਰਨ ਬਿੱਲ ਵੀ ਹਾਜ਼ਰ ਮੈਂਬਰਾਂ ਦੀ ਸਰਬਸੰਮਤੀ ਨਾਲ ਪਾਸ ਕੀਤੇ । ਪਸ਼ੂ ਪਾਲਣ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ ਬਾਰੇ ਪੰਜਾਬ ਸੋਧ ਬਿਲ, 2025" ਪੇਸ਼ ਕੀਤਾ, ਜਿਸ ਨੂੰ ਮੈਂਬਰਾਂ ਵੱਲੋਂ ਸਰਬਸੰਮਤੀ ਨਾਲ ਪਾਸ ਕੀਤਾ ਗਿਆ । ਉਚੇਰੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਰਿਆਤ ਬਾਹਰਾ ਪ੍ਰੋਫੈਸ਼ਨਲ ਯੂਨੀਵਰਸਿਟੀ, ਹੁਸ਼ਿਆਰਪੁਰ ਬਿਲ, 2025 ਅਤੇ CGC ਯੂਨੀਵਰਸਿਟੀ, ਮੋਹਾਲੀ ਬਿਲ, 2025 ਅਤੇ ਤਰੁਨਪ੍ਰੀਤ ਸਿੰਘ ਸੌਂਦ ਨੇ, ਪੰਜਾਬ ਦੁਕਾਨਾਂ ਅਤੇ

ਵਪਾਰਕ ਸਥਾਪਨਾਵਾਂ ਬਾਰੇ ਸੋਧ ਬਿਲ, 2025 ਅਤੇ ਪੰਜਾਬ ਕਿਰਤ ਭਲਾਈ ਫੰਡ ਸੋਧ ਬਿਲ, 2025 ਪੇਸ਼ ਕੀਤਾ,ਜਿਨ੍ਹਾਂ ਨੂੰ ਸਦਨ ਨੇ ਸਰਬਸੰਮਤੀ ਨਾਲ ਪਾਸ ਕਰ ਦਿੱਤਾ। ਇਸਤੋਂ ਬਾਅਦ ਇਜਲਾਸ ਸੋਮਵਾਰ ਬਾਅਦ ਦੁਪਹਿਰ 2 ਵਜੇ ਤੱਕ ਮੁਲਤਵੀ ਕਰ ਦਿੱਤਾ ਗਿਆ ।

----------------------------------------------------------

ਪੇਂਡੂ ਵਿਕਾਸ ਅਤੇ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਨੇ ਵਿਧਾਨ ਸਭਾ ਵਿੱਚ ਇੱਕ ਧਿਆਨ ਦਵਾਊ ਮਤੇ ਦੇ ਜਵਾਬ ਵਿੱਚ ਦੱਸਿਆ ਕਿ ਤਲਵਾੜਾ ਦੇ ਬੱਸ ਅੱਡੇ ਦੀ ਇਮਾਰਤ ਦੀ ਟਰਾਂਸਪੋਰਟ ਵਿਭਾਗ ਦੇ ਤਾਲਮੇਲ ਨਾਲ ਨੁਹਾਰ ਬਦਲੀ ਜਾਵੇਗੀ । ਦਸੂਹਾ ਦੇ ਵਿਧਾਇਕ ਵੱਲੋਂ ਬਲਾਕ ਤਲਵਾੜਾ ਦੇ ਬੱਸ ਅੱਡੇ ਦੀ ਇਮਾਰਤ ਦੀ ਖਸਤਾ ਹਾਲਤ ਬਾਰੇ ਧਿਆਨ ਦਵਾਇਆ ਗਿਆ ਸੀ, ਜਿਸ ਦੇ ਜਵਾਬ ਵਿੱਚ ਸ੍ਰੀ ਸੌਂਦ ਨੇ ਕਿਹਾ ਕਿ ਹਾਲ ਦੀ ਘੜੀ ਪੰਚਾਇਤ ਸੰਮਤੀ ਕੋਲ ਬੱਸ ਅੱਡੇ ਦੀ ਨਵੀਂ ਉਸਾਰੀ ਲਈ ਲੋੜੀਂਦੇ ਫੰਡਜ ਉਪਲੱਬਧ ਨਹੀਂ ਹਨ। ਜਦੋਂ ਤੱਕ ਬੱਸ ਅੱਡੇ ਦੀ ਨਵੀਂ ਇਮਾਰਤ ਦੀ ਉਸਾਰੀ ਨਹੀਂ ਹੁੰਦੀ, ਉਸ ਸਮੇਂ ਤੱਕ ਇਸ ਨੂੰ ਚੱਲਦੀ ਹਾਲਤ ਵਿਚ ਰੱਖਣ ਲਈ ਸੰਮਤੀ ਫੰਡ, 15ਵੇਂ ਵਿੱਤ ਕਮਿਸ਼ਨ ਦੀ ਗ੍ਰਾਂਟ ਵਿਚੋਂ ਮੁਰੰਮਤ ਕਰਨ ਦੇ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਦੱਸਿਆ ਕਿ ਟਰਾਂਸਪੋਰਟ ਵਿਭਾਗ ਵੱਲੋਂ ਸਾਲ 2021 ਦੌਰਾਨ ਬੱਸ ਅੱਡਾ ਤਲਵਾੜਾ ਦੀ ਨਵੀਂ ਉਸਾਰੀ ਲਈ 2 ਕਰੋੜ 62 ਲਖ ਰੁਪਏ

ਦੀ ਪ੍ਰਬੰਧਕੀ ਪ੍ਰਵਾਨਗੀ ਜਾਰੀ ਕੀਤੀ ਗਈ ਸੀ ਪਰ ਫੰਡ ਪ੍ਰਾਪਤ ਨਾ ਹੋਣ ਕਾਰਨ ਉਸਾਰੀ ਸਬੰਧੀ ਕੋਈ ਕਾਰਵਾਈ ਨਹੀਂ ਕੀਤੀ ਜਾ ਸਕੀ। ਹੁਣ ਦੋਬਾਰਾ ਟਰਾਂਸਪੋਰਟ ਵਿਭਾਗ ਨਾਲ ਰਾਬਤਾ ਕਰਕੇ ਬੱਸ ਅੱਡੇ ਦੀ ਦਸ਼ਾ ਬਦਲੀ ਜਾਵੇਗੀ।

-----------------------------------------------------

ਅੱਜ ਵਿਸ਼ਵ ਜਨਸੰਖਿਆ ਦਿਵਸ ਏ। ਇਹ ਦਿਨ ਹਰ ਸਾਲ 11 ਜੁਲਾਈ ਨੂੰ ਵਧਦੀ ਆਬਾਦੀ ਦੀਆਂ ਚੁਣੌਤੀਆਂ ਅਤੇ ਮੌਕਿਆਂ 'ਤੇ ਧਿਆਨ ਕੇਂਦਰਿਤ ਕਰਨ ਲਈ ਮਨਾਇਆ ਜਾਂਦਾ ਏ। ਇਹ ਆਬਾਦੀ ਨਾਲ ਸਬੰਧਤ ਚਿੰਤਾਵਾਂ ਨੂੰ ਹੱਲ ਕਰਨ ਅਤੇ ਇੱਕ ਨਿਰੰਤਰ ਰਹਿਣਯੋਗ ਭਵਿੱਖ ਲਈ ਕੰਮ ਕਰਨ ਦੀ ਯਾਦ ਦਿਵਾਉਂਦਾ ਏ।
*ਇੱਕ ਰਿਪੋਰਟ  ਵਿਸ਼ਵ ਜਨਸੰਖਿਆ ਦਿਵਸ ਪਹਿਲੀ ਵਾਰ 11 ਜੁਲਾਈ 1990 ਨੂੰ 90 ਤੋਂ ਵੱਧ ਦੇਸ਼ਾਂ ਵਿੱਚ ਮਨਾਇਆ ਗਿਆ ਸੀ। ਇਸ ਸਾਲ ਦਾ ਵਿਸ਼ਾ ਏ - "ਮਾਂ ਅਤੇ ਬੱਚੇ ਦੀ ਤੰਦਰੁਸਤੀ ਅਤੇ ਭਲਾਈ ਲਈ ਗਰਭ ਅਵਸਥਾ ਦੌਰਾਨ ਸਹੀ ਦੇਖਭਾਲ''। ਇਸ ਵਿਸ਼ੇ ਤਹਿਤ, ਮਾਂ ਅਤੇ ਬੱਚੇ ਦੀ ਸਿਹਤ ਲਈ ਯੋਜਨਾਬੱਧ ਪਾਲਣ-ਪੋਸ਼ਣ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ ਏ। ਇਸ ਮੌਕੇ ਕੇਂਦਰੀ ਸਿਹਤ ਮੰਤਰੀ ਜਗਤ ਪ੍ਰਕਾਸ਼ ਨੱਡਾ ਨੇ ਕਿਹਾ ਏ ਕਿ ਇਹ ਦਿਨ ਪਰਿਵਾਰ ਨਿਯੋਜਨ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਆਬਾਦੀ ਨਾਲ ਸਬੰਧਤ ਚੁਣੌਤੀਆਂ ਨਾਲ ਨਿਪਟਣ ਲਈ*

*ਭਾਰਤ ਦੇ ਸੰਕਲਪ ਨੂੰ ਨਵਿਆਉਣ ਲਈ ਇੱਕ ਮੰਚ ਪ੍ਰਦਾਨ ਕਰਦਾ ਏ। ਉਨ੍ਹਾਂ ਕਿਹਾ ਕਿ ਸਰਕਾਰ ਆਯੁਸ਼ਮਾਨ ਅਰੋਗਿਆ ਮੰਦਰਾਂ ਸਮੇਤ ਜਨਤਕ ਸਿਹਤ ਇਕਾਈਆਂ ਰਾਹੀਂ ਦੇਸ਼ ਭਰ ਵਿੱਚ ਜ਼ਰੂਰੀ ਪਰਿਵਾਰ ਨਿਯੋਜਨ ਸੇਵਾਵਾਂ ਪ੍ਰਦਾਨ ਕਰ ਰਹੀ ਏ।ਇਸ ਸਾਲ ਦਾ ਨਾਰਾ ਏ - ''ਮਾਂ ਬਣਨ ਦੀ ਉਮਰ ਓਹੀ, ਜਦੋਂ ਤਨ ਅਤੇ ਮਨ ਦੀ ਤਿਆਰੀ ਸਹੀ''। ਇਸ ਤਹਿਤ, ਸ਼ਰੀਰਕ ਅਤੇ ਭਾਵਨਾਤਮਕ ਤਿਆਰੀ ਦੇ ਨਾਲ-ਨਾਲ ਮਾਤਾ-ਪਿਤਾ ਬਣਨ ਲਈ ਮਜ਼ਬੂਤ ਫੈਸਲਿਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਗਿਆ ਏ।*

---------------------------------------------------------

ਪੰਜਾਬ ਦੇ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ, ਚੰਡੀਗੜ੍ਹ ਪੁਲਿਸ ਦੀ ਸਾਈਬਰ ਕ੍ਰਾਈਮ ਬ੍ਰਾਂਚ ਨੇ, ਆਮ ਆਦਮੀ ਪਾਰਟੀ ਦੇ ਇੱਕ ਅਣਪਛਾਤੇ ਮੀਡੀਆ ਹੈਂਡਲਰ ਖਿਲਾਫ ਮਾਮਲਾ ਦਰਜ ਕੀਤਾ ਏ । ਇਹ ਮਾਮਲਾ ਸ੍ਰੀ ਬਾਜਵਾ ਦੇ ਬਿਆਨ ਦੀ ਇੱਕ ਛੇੜਛਾੜ ਵਾਲੀ ਵੀਡੀਓ ਪੋਸਟ ਕਰਨ ਲਈ ਦਰਜ ਕੀਤਾ ਗਿਆ ਏ । ਅੱਜ ਚੰਡੀਗੜ੍ਹ ਵਿਖੇ ਮੀਡੀਆ ਨਾਲ ਗੱਲ ਕਰਦੇ ਹੋਏ, ਸ੍ਰੀ ਬਾਜਵਾ ਨੇ ਕਿਹਾ ਕਿ ਉਨ੍ਹਾਂ ਨੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ, ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ, ਵਿੱਤ ਮੰਤਰੀ ਹਰਪਾਲ ਚੀਮਾ, ਕੈਬਨਿਟ ਮੰਤਰੀ ਅਮਨ ਅਰੋੜਾ ਅਤੇ ਉਨ੍ਹਾਂ ਦੇ

ਸਾਥੀਆਂ ਵਿਰੁੱਧ ਚੰਡੀਗੜ੍ਹ ਪੁਲਿਸ ਕੋਲ ਇੱਕ ਰਸਮੀ ਸ਼ਿਕਾਇਤ ਦਰਜ ਕਰਵਾਈ ਏ , ਜਿਸ ਵਿੱਚ ਉਨ੍ਹਾਂ 'ਤੇ, ਉਨ੍ਹਾਂ ਦੇ ਸਿਆਸੀ ਅਕਸ ਨੂੰ ਖਰਾਬ ਕਰਨ ਦੇ ਉਦੇਸ਼ ਨਾਲ ਛੇੜਛਾੜ ਵਾਲੀਆਂ ਵੀਡੀਓ ਬਣਾਉਣ ਅਤੇ ਪ੍ਰਸਾਰਿਤ ਕਰਨ ਦਾ ਦੋਸ਼ ਲਗਾਇਆ ਏ । ਉਨ੍ਹਾਂ ਕਿਹਾ ਕਿ ਛੇੜਛਾੜ ਵਾਲੀ ਵੀਡੀਓ ਆਮ ਆਦਮੀ ਪਾਰਟੀ ਦੇ ਅਧਿਕਾਰਤ ਸੋਸ਼ਲ ਮੀਡੀਆ ਹੈਂਡਲ 'ਤੇ ਲੋਕਾਂ ਨੂੰ ਗੁੰਮਰਾਹ ਕਰਨ ਅਤੇ ਉਨ੍ਹਾਂ ਦੀ ਅਤੇ ਕਾਂਗਰਸ ਦੀ ਸਾਖ ਨੂੰ ਨੁਕਸਾਨ ਪਹੁੰਚਾਉਣ ਲਈ ਪੋਸਟ ਕੀਤੀ ਗਈ ਸੀ। ਇਸ ਵਿਚ ਅਜਿਹਾ ਦਰਸਾਇਆ ਗਿਆ ਦੀ ਜਿਵੇਂ ਕਿ ਸ੍ਰੀ ਬਾਜਵਾ, ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਦੀ ਹਿਮਾਇਤ ਕਰ ਰਹੇ ਹੋਣ, ਜਦਕਿ ਅਸਲ ਵੀਡੀਓ ਵਿਚ ਅਜਿਹਾ ਕੁਝ ਨਹੀਂ ਸੀ ।

---------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਅੱਜ ਖਾਲੀ ਪਲਾਟਾਂ 'ਤੇ ਕੂੜਾ ਸੁੱਟਣ ਨਾਲ ਸਬੰਧਤ ਸ਼ਿਕਾਇਤਾਂ ਦੀ ਰਿਪੋਰਟ ਕਰਨ ਲਈ ਲੋਕਾਂ ਲਈ 'ਡੀਸੀ ਆਫਿਸ ਐਕਸ਼ਨ ਹੈਲਪਲਾਈਨ' ਵਟਸਐਪ ਨੰਬਰ 96-46-22-25-55 ਜਾਰੀ ਕੀਤਾ ਏ । ਲੋਕ ਹੁਣ ਕੂੜੇ ਦੇ ਢੇਰ ਵਾਲੇ ਪਲਾਟਾਂ ਦੀ ਥਾਂ, ਪਤਾ ਅਤੇ ਤਸਵੀਰਾਂ ਭੇਜ ਸਕਦੇ ਨੇ ਜਿਸ ਤੋਂ ਬਾਅਦ ਸਬੰਧਤ ਅਧਿਕਾਰੀ ਲੋੜੀਂਦੀ ਕਾਰਵਾਈ ਕਰਨਗੇ। ਡਾ. ਅਗਰਵਾਲ ਨੇ ਦੱਸਿਆ ਕਿ ਪ੍ਰਸ਼ਾਸਨ ਤੋਂ ਆਪਣੀਆਂ

ਖਾਲੀ ਜਾਇਦਾਦਾਂ ਦੀ ਸਫਾਈ ਲਈ ਸਹਾਇਤਾ ਦੀ ਮੰਗ ਕਰਨ ਵਾਲੇ ਲੋਕ ਇਸ ਹੈਲਪਲਾਈਨ ਨੰਬਰ 'ਤੇ ਸਥਾਨ ਅਤੇ ਪਤਾ ਵੀ ਸਾਂਝਾ ਕਰ ਸਕਦੇ ਹਨ, ਜਿਸ ਨਾਲ ਸਮੇਂ ਸਿਰ ਮਦਦ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਨੇ ਦੱਸਿਆ ਕਿ ਜਲੰਧਰ ਪ੍ਰਸ਼ਾਸਨ ਨੇ ਪਹਿਲਾਂ 10 ਜੁਲਾਈ ਦੀ ਸਮਾਂ ਹੱਦ ਦੇ ਨਾਲ ਜ਼ਿਲ੍ਹੇ ਭਰ ਦੇ ਖਾਲੀ ਪਲਾਟਾਂ ਤੋਂ ਕੂੜੇ ਦੇ ਢੇਰ ਸਾਫ਼ ਕਰਨ ਦੇ ਹੁਕਮ ਜਾਰੀ ਕੀਤੇ ਸਨ। ਪਲਾਟ ਮਾਲਕਾਂ ਨੂੰ ਗੈਰ-ਕਾਨੂੰਨੀ ਕੂੜਾ ਸੁੱਟਣ ਨੂੰ ਰੋਕਣ ਲਈ ਚਾਰਦੀਵਾਰੀ ਜਾਂ ਵਾੜ ਬਣਾਉਣ ਦੇ ਵੀ ਨਿਰਦੇਸ਼ ਦਿੱਤੇ ਗਏ ਸਨ। ਪ੍ਰਸ਼ਾਸਨ ਨੇ ਆਪਣੇ ਪਲਾਟਾਂ ਦੀ ਸਫਾਈ ਕਰਨ ਵਿੱਚ ਅਸਫਲ ਰਹਿਣ ਵਾਲਿਆਂ ਖਿਲਾਫ ਕਾਰਵਾਈ ਸ਼ੁਰੂ ਕਰਦਿਆਂ 150 ਤੋਂ ਵੱਧ ਚਲਾਨ ਅਤੇ 300 ਤੋਂ ਵੱਧ ਕਾਰਨ ਦੱਸੋ ਨੋਟਿਸ ਜਾਰੀ ਕੀਤੇ ਗਏ ਨੇ । ਇਸ ਤੋਂ ਇਲਾਵਾ, ਇੱਕ ਪਲਾਟ ਮਾਲਕ 'ਤੇ ਨਗਰ ਨਿਗਮ ਵਲੋਂ ਉਸਦੀ ਜਾਇਦਾਦ ਤੋਂ ਕੂੜਾ ਹਟਾਉਣ ਲਈ ਕੀਤੇ ਗਏ ਖਰਚੇ ਵਜੋਂ 25 ਹਜ਼ਾਰ ਰੁਪਏ ਦਾ ਜੁਰਮਾਨਾ ਵੀ ਲਗਾਇਆ ਗਿਆ।

---------------------------------------------------

ਪੰਜਾਬ ਦੇ ਸਿਹਤ ਮੰਤਰੀ ਡਾਕਟਰ ਬਲਬੀਰ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵੱਖ ਵੱਖ ਜ਼ਿਲਿਆਂ ਵਿਚ ਸਿਹਤ ਸੰਸਥਾਵਾਂ ਵਲੋਂ ਹਰ ਸ਼ੁਕਰਵਾਰ ਡੇਂਗੂ 'ਤੇ ਵਾਰ ਮੁਹਿੰਮ ਦੌਰਾਨ ਜਾਗਰੂਕਤਾ ਫੈਲਾਈ ਗਈ ।

ਤਰਨ ਤਾਰਨ ਦੇ ਸਿਵਲ ਸਰਜਨ ਡਾ. ਗੁਰਪ੍ਰੀਤ ਸਿੰਘ ਰਾਏ ਨੇ ਕਿਹਾ ਕਿ ਮੌਜੂਦਾ ਬਰਸਾਤ ਦੇ ਮੌਸਮ ਨੂੰ ਧਿਆਨ ਵਿੱਚ ਰੱਖਦਿਆਂ ਵਿਭਾਗ ਵੱਲੋਂ ਪੰਜਾਬ ਰੋਡਵੇਜ਼ ਦੇ ਡਿਪੂ ਵਿਖੇ ਜਾ ਕੇ ਡੇਂਗੂ ਵਿਰੁੱਧ ਜਾਗਰੂਕਤਾ ਫੈਲਾਈ ਅਤੇ ਮੁਲਾਜ਼ਮਾਂ ਨੂੰ ਡੇਂਗੂ ਦੇ ਲੱਛਣਾ ਅਤੇ ਬਚਾਅ ਬਾਰੇ ਦੱਸਿਆ ਗਿਆ। ਓਧਰ ਮੁਹਾਲੀ ਦੀ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਦੱਸਿਆ ਕਿ ਸਿਹਤ ਟੀਮਾਂ ਨੇ ਵਿਸ਼ੇਸ਼ ਤੌਰ ਤੇ ਪ੍ਰਾਈਵੇਟ ਦਫਤਰਾਂ ਅਤੇ ਘਰਾਂ ਵਿਚ ਹੋਰ ਸੰਭਾਵੀ ਥਾਵਾਂ ਦਾ ਨਿਰੀਖਣ ਕੀਤਾ। ਇਸ ਤੋਂ ਇਲਾਵਾ ਜ਼ਿਲ੍ਹੇ ਦੇ ਨਰਸਿੰਗ ਕਾਲਜਾਂ ਦੇ ਵਿਦਿਆਰਥੀ ਅਤੇ ਆਸ਼ਾ ਵਰਕਰ ਵੀ ਸ਼ਾਮਲ ਸਨ। ਕਈ ਥਾਈਂ ਜਾਗਰੂਕਤਾ ਰੈਲੀਆਂ ਵੀ ਕੱਢੀਆਂ ਗਈਆਂ ।

-----------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਦਾਖਲਾ ਸਾਲ 2014 ਤੋਂ ਅੰਡਰ-ਗ੍ਰੈਜੁਏਟ, ਪੋਸਟ ਗ੍ਰੈਜੂਏਟ ਅਤੇ ਪੇਸ਼ੇਵਰ ਕੋਰਸਾਂ ਲਈ ਇੱਕ ਸੁਨਹਿਰੀ ਮੌਕਾ ਦਿੱਤਾ ਏ ਤਾਂ ਜੋ ਵਿਦਿਆਰਥੀ ਆਪਣੀਆਂ ਡਿਗਰੀਆਂ ਪਾਸ ਕਰ ਸਕਣ ਜਿੱਥੇ ਉਨ੍ਹਾਂ ਦੇ ਸਾਰੇ ਮਨਜ਼ੂਰ ਮੌਕੇ ਖਤਮ ਹੋ ਗਏ ਨੇ । ਇਹ ਵਿਸ਼ੇਸ਼ ਮੌਕਾ 2014 ਤੋਂ ਬਾਅਦ ਦੇ ਦਾਖਲਾ ਸਾਲ ਵਾਲੇ ਵਿਦਿਆਰਥੀਆਂ ਜਿਨ੍ਹਾਂ ਕੋਲ ਹੁਣ ਦੁਬਾਰਾ ਆਉਣ ਦੇ ਮੌਕੇ ਉਪਲਬਧ ਨਹੀਂ ਹਨ ਨੂੰ ਇਸ ਪ੍ਰੀਖਿਆ ਲਈ ਆਪਣੇ ਸਬੰਧਤ ਰੀ-ਅਪੀਅਰ, ਕੰਪਾਰਟਮੈਂਟ, ਪੂਰੇ ਵਿਸ਼ੇ, ਸੁਧਾਰ, ਵਾਧੂ, ਘਾਟ, ਜਾਂ ਖੁੰਝੇ ਹੋਏ

ਪ੍ਰੈਕਟੀਕਲ ਪਾਸ ਕਰਨ ਲਈ ਅਰਜ਼ੀ ਦੇਣ ਦੀ ਇਜਾਜ਼ਤ ਦਿੰਦਾ ਏ । ਇਹ ਮੌਕਾ ਸਿਰਫ ਸਮੈਸਟਰ ਸਿਸਟਮ ਕੋਰਸਾਂ 'ਤੇ ਲਾਗੂ ਏ ਅਤੇ ਇਹ ਨਵੰਬਰ -ਦਸੰਬਰ 2025 ਵਿੱਚ ਅੰਤਮ ਸਮੈਸਟਰ ਪ੍ਰੀਖਿਆਵਾਂ ਦੇ ਨਾਲ ਆਯੋਜਿਤ ਕੀਤਾ ਜਾਵੇਗਾ। ਵਰਤਮਾਨ ਵਿੱਚ ਉਮੀਦਵਾਰ ਸਿਰਫ਼ ਔਡ ਸਮੈਸਟਰ ਗੋਲਡਨ ਚਾਂਸ ਪ੍ਰੀਖਿਆ ਲਈ ਅਰਜ਼ੀ ਦੇ ਸਕਦੇ ਹਨ। ਔਨਲਾਈਨ ਅਰਜ਼ੀ ਪੋਰਟਲ 16 ਜੁਲਾਈ ਤੋਂ ਉਪਲਬਧ ਹੋਵੇਗਾ । ਸਾਰੀਆਂ ਅਰਜ਼ੀਆਂ ਸਿਰਫ਼ ਔਨਲਾਈਨ ਜਮ੍ਹਾਂ ਕਰਵਾਈਆਂ ਜਾਣਗੀਆਂ । ਵਧੇਰੇ ਜਾਣਕਾਰੀ ਯੂਨੀਵਰਸਿਟੀ ਦੀ ਵਬਸਾਈਟ ਤੋਂ ਲਈ ਜਾ ਸਕਦੀ ਏ ।

---------------------------------------------------

ਚੋਣ ਕਮਿਸ਼ਨਰ ਦੀਆਂ ਹਦਾਇਤਾਂ ਵਿਧਾਨ ਸਭਾ ਹਲਕਾ ਬਠਿੰਡਾ ਅਧੀਨ ਬੂਥ ਲੈਵਲ ਅਫ਼ਸਰਾਂ ਨੂੰ ਉਨ੍ਹਾਂ ਦੇ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਅਤੇ ਅਸੈਂਬਲੀ ਮਾਸਟਰ ਟ੍ਰੇਨਰਾਂ ਵੱਲੋਂ ਸਿਖਲਾਈ ਦਿਤੀ ਗਈ। ਅਫ਼ਸਰਾਂ ਨੂੰ ਉਨ੍ਹਾਂ ਦੀਆਂ ਜ਼ਿੰਮੇਵਾਰੀਆਂ ਅਤੇ ਕੰਮਾਂ ਸਬੰਧੀ ਜਾਣਕਾਰੀ ਦਿੱਤੀ ਗਈ। ਟ੍ਰੇਨਿੰਗ ਮੁਕੰਮਲ ਹੋਣ ਉਪਰੰਤ ਹਰੇਕ ਬੂਥ ਲੈਵਲ ਅਫ਼ਸਰ ਦਾ ਇੱਕ ਅਸੈਸਮੈਂਟ ਟੈਸਟ ਵੀ ਲਿਆ ਜਾਵੇਗਾ। ਟ੍ਰੇਨਿੰਗ ਦੇ ਅੰਤ ਵਿੱਚ ਹਰੇਕ ਬੂਥ ਲੈਵਲ ਅਫ਼ਸਰ ਨੂੰ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰ ਵੱਲੋਂ ਸਰਟੀਫ਼ਿਕੇਟ ਵੀ ਦਿੱਤੇ ਜਾਣਗੇ।

ਓਧਰ ਜ਼ਿਲ੍ਹਾ ਗੁਰਦਾਸਪੁਰ ਦੇ 7 ਵਿਧਾਨ ਸਭਾ ਹਲਕਿਆਂ ਦੇ ਬੂਥ ਲੈਵਲ ਅਫ਼ਸਰਾਂ ਨੂੰ 14 ਤੇ 15 ਜੁਲਾਈ ਨੂੰ ਸਿਖਲਾਈ ਪ੍ਰੋਗਰਾਮ ਦੌਰਾਨ ਸਿਖ਼ਲਾਈ ਦਿੱਤੀ ਜਾਵੇਗੀ।

--------------------------------------------------------

ਪੰਜਾਬ ਦੇ ਪਿੰਡ ਅਯਾਲੀ ਦੇ ਖਿਡਾਰੀ ਜੈਯਵੰਤ ਸਿੰਘ ਗਰੇਵਾਲ ਨੇ ਪੌਲੈਂਡ ਸਾਫਟ ਟੈਨਿਸ ਕੌਮਾਂਤਰੀ ਮੁਕਾਬਲੇ ਵਿੱਚ ਚੈਂਪੀਅਨ ਬਣਕੇ ਪੰਜਾਬ ਅਤੇ ਦੇਸ਼ ਦਾ ਨਾਮ ਰੌਸ਼ਨ ਕੀਤਾ ਏ । 4-9 ਜੁਲਾਈ ਤੱਕ ਵਾਰਸਾਵਿਖੇ ਹੋਈ 18ਵੇਂ ਪੌਲੈਂਡ ਕੱਪ ਅੰਤਰ-ਰਾਸ਼ਟਰੀ ਸਾਫਟ ਚੈਂਪੀਅਨਸ਼ਿਪ ਵਿੱਚ ਜੈਯਵੰਤ ਸਿੰਘ ਗਰੇਵਾਲ ਨੇ ਸਿੰਗਲ ਵਿੱਚ ਚਾਂਦੀ ਜਦਕਿ ਡਬਲ ਪ੍ਰਤੀਯੋਗਤਾ ਵਿੱਚ ਭਾਰਤ ਲਈ ਸੋਨੇ ਦਾ ਤਮਗਾ ਜਿਤਿਆ ਏ । ਪੰਜਾਬ ਸਾਫਟ ਟੈਨਿਸ ਐਸੋਸੀਏਸ਼ਨ ਦੇ ਪ੍ਰਧਾਨ ਅਨੁਮੀਤ ਸਿੰਘ ਸੋਢੀ, ਜਨਰਲ ਸਕੱਤਰ ਨਰਿੰਦਰ ਪਾਲ ਸਿਘ, ਸਮੇਤ ਹੋਰ ਸੀਨੀਅਰ ਮੈਂਬਰਾਂ ਨੇ ਇਸ ਪ੍ਰਾਪਤੀ ਲਈ ਜੈਯਵੰਤ ਸਿੰਘ ਗਰੇਵਾਲ ਅਤੇ ਉਨ੍ਹਾਂ ਦੇ ਪਰਿਵਾਰ ਨੂੰ ਵਧਾਈ ਦਿੱਤੀ। ------------------------------------------------------ਮੌਸਮ ਵਿਭਾਗ ਨੇ ਅੱਜ ਪੰਜਾਬ , ਹਰਿਆਣਾ, ਚੰਡੀਗੜ੍ਹ, ਦਿੱਲੀ, ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਕੁਝ ਹਿੱਸਿਆਂ ਵਿੱਚ ਵੀ ਦਿਨ ਭਰ ਭਾਰੀ

ਮੀਂਹ ਪੈਣ ਦੀ ਸੰਭਾਵਨਾ ਜਤਾਈ ਏ ।

------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਵੀਡੀਓ ਕਾਨਫਰੰਸਿੰਗ ਰਾਹੀਂ, ਵੱਖ-ਵੱਖ ਸਰਕਾਰੀ ਵਿਭਾਗਾਂ ਅਤੇ ਸੰਗਠਨਾਂ ਵਿੱਚ ਨਵ-ਨਿਯੁਕਤ ਨੌਜਵਾਨਾਂ ਨੂੰ 51 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ।
- ਸਹਿਕਾਰਤਾ ਰਾਜ ਮੰਤਰੀ, ਕ੍ਰਿਸ਼ਨ ਪਾਲ ਗੁਰਜਰ ਕਪੂਰਥਲਾ ਅਤੇ ਰੇਲਵੇ ਰਾਜ ਮੰਤਰੀ, ਰਵਨੀਤ ਸਿੰਘ ਪਟਿਆਲਾ ਵਿੱਚ ਨਿਯੁਕਤੀ ਪੱਤਰ ਕਰਨਗੇ ਤਕਸੀਮ ।
- ਪੰਜਾਬ ਵਿਧਾਨ ਸਭਾ ਨੇ ਭਾਖੜਾ ਅਤੇ ਭਾਖੜਾ ਬਿਆਸ ਪ੍ਰਬੰਧਨ ਬੋਰਡ ਦੇ ਹੋਰਨਾਂ ਡੈਮਾਂ 'ਤੇ CISF ਮੁਲਾਜ਼ਮਾਂ ਦੀ ਤਾਇਨਾਤੀ, ਨਾ ਕਰਨ ਬਾਰੇ, ਕੇਂਦਰ ਸਰਕਾਰ ਨੂੰ ਸਰਬਸੰਮਤੀ ਨਾਲ ਕੀਤੀ ਸਿਫ਼ਾਰਸ਼।
- ਸਦਨ ਵੱਲੋਂ ਜਾਨਵਰਾਂ ਪ੍ਰਤੀ ਬੇਰਹਿਮੀ ਦੀ ਰੋਕਥਾਮ ਬਾਰੇ ਪੰਜਾਬ ਸੋਧ ਬਿਲ, 2025" ਸਮੇਤ ਪੰਜ ਮਹੱਤਵਪੂਰਨ ਬਿੱਲ, ਸਰਬ-ਸੰਮਤੀ ਨਾਲ ਪਾਸ।

- ਵਧਦੀ ਆਬਾਦੀ ਦੀਆਂ ਚੁਣੌਤੀਆਂ ਅਤੇ ਮੌਕਿਆਂ 'ਤੇ ਧਿਆਨ ਕੇਂਦਰਿਤ ਕਰਨ ਲਈ ਅੱਜ ਵਿਸ਼ਵ ਜਨਸੰਖਿਆ ਦਿਵਸ ਮਨਾਇਆ ਜਾ ਰਿਹਾ ਏ।
- ਮੌਸਮ ਵਿਭਾਗ ਵਲੋਂ ਅੱਜ ਪੰਜਾਬ , ਹਰਿਆਣਾ ,ਚੰਡੀਗੜ੍ਹ ਹਿਮਾਚਲ ਪ੍ਰਦੇਸ਼ ਅਤੇ ਉੱਤਰਾਖੰਡ ਦੇ ਕੁਝ ਹਿੱਸਿਆਂ ਵਿੱਚ ਭਾਰੀ ਮੀਂਹ ਪੈਣ ਦੀ ਪੇਸ਼ੀਨਗੋਈ ।

ਇਸਦੇ ਨਾਲ ਪ੍ਰਦੇਸ਼ਕ

ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ

ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7ਵੱਜਕੇ 30 **ਮਿੰਟ** 'ਤੇ

ਨਮਸਕਾਰ!